**ਸ਼੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲਾ ਸੁਧਾਰ ਘਰ(ਜੇਲ)ਸ੍ਰੀ ਮੁਕਤਸਰ ਸਾਹਿਬ ਵਿਖੇ ਸਕਿਉਰਿਟੀ ਡਰਿੱਲ ਅਤੇ ਸਰਚ ਆਪਰੇਸ਼ਨ ਚਲਾਇਆ ਗਿਆ।**




**ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਗੋਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ ਦੀਆਂ ਹਦਾਇਤਾਂ ਤਹਿਤ ਸ੍ਰੀ ਤੁਸ਼ਾਰ ਗੁਪਤ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋ ਅਮਨ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਜਿਲ੍ਹਾ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ । ਜਿਸ ਤਹਿਤ ਪੁਲਿਸ ਦੀਆਂ ਅਲੱਗ ਅਲੱਗ ਟੀਮਾਂ ਵੱਲੋ ਸਰਚ ਅਭਿਆਨ ਚਲਾਇਆ ਜਾ ਰਿਹਾ ਹੈ ਅਤੇ ਗਸ਼ਤ ਵਾ ਚੈਕਿੰਗ ਕੀਤੀ ਜਾ ਰਹੀ ਹੈ। ਇਸੇ ਤਹਿਤ ਹੀ ਅੱਜ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਦੀਆਂ ਹਦਾਇਤਾਂ ਤਹਿਤ ਜ਼ਿਲਾ ਸੁਧਾਰ ਘਰ (ਜੇਲ) ਸ੍ਰੀ ਮੁਕਤਸਰ ਸਾਹਿਬ ਵਿਖੇ ਸਿਕਿਉਰਟੀ ਡਰਿਲ ਕੀਤੀ ਗਈ ਅਤੇ ਸਰਚ ਅਭਿਆਨ ਚਲਾਇਆ ਗਿਆ। ਇਸ ਚੈਕਿੰਗ ਦੌਰਾਨ ਸ੍ਰੀ ਨਵਦੀਪ ਸਿੰਘ ਬੈਣੀਵਾਲ ਸੁਪਰਡੈਂਟ ਜੇਲ, ਸ. ਸਤਨਾਮ ਸਿੰਘ ਡੀ.ਐਸ.ਪੀ (ਸ੍ਰੀ ਮੁਕਤਸਰ ਸਾਹਿਬ), ਸ਼੍ਰੀ ਪ੍ਰਿਥੀਪਾਲ ਸਿੰਘ ਡੀ.ਐਸ.ਪੀ ਸੁਪਰਡੈਂਟ ਸਿਕਿਉਰਟੀ ਜੇਲ੍ਹ, ਐਸ.ਆਈ ਗੁਰਦਿੱਤ ਸਿੰਘ , ਐਸ.ਆਈ ਵਰਿੰਦਰ ਸਿੰਘ, ਐੱਸ. ਆਈ ਹਰਪ੍ਰੀਤ ਕੋਰ ਮੁੱਖ ਅਫਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਤੋਂ ਇਲਾਵਾ 150 ਦੇ ਕਰੀਬ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਨਾਲ ਮਿਲ ਕੇ ਜੇਲ ਅੰਦਰ ਸਿਕਿਉਰਟੀ ਡਰਿਲ ਕਰਵਾਈ ਗਈ ਅਤੇ ਸਰਚ ਅਭਿਆਨ ਚਲਾਇਆ ਗਿਆ ।**